SANGRUR • Saturday 21 January 2023

# ਖ਼ਾਲਸਾ ਕਾਲਜ ਦੇ ਪੀ.ਜੀ ਕੰਪਿਊਟਰ ਸਾਇੰਸ ਵਿਭਾਗ ਨੇ ਆਯੋਜਿਤ ਕੀਤੀ 7 ਰੋਜ਼ਾ ਵਰਕਸ਼ਾਪ

ਆਜ਼ਾਦ ਸੋਚ, ਅੰਕੁਸ ਕੁਮਾਰ, ਸ੍ਰੀ ਅਨੰਦਪੁਰ ਸਾਹਿਬ, 20 ਜਨਵਰੀ :

---------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਖੁਦਮੁਖਤਿਆਰ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਪੀ.ਜੀ ਕੰਪਿਊਟਰ ਸਾਇੰਸ ਵਿਭਾਗ ਨੇ 'ਬਲੌਕ ਚੇਨ, ਕੰਪਿਊਟਰ ਹਾਰਡਵੇਅਰ ਐਂਡ ਨੈੱਟਵਰਕਿੰਗ' ਵਿਸ਼ੇ 'ਤੇ 7 ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਜਿਸ ਵਿੱਚ ਕੰਪਿਊਟਰ ਸਾਇੰਸ ਵਿਭਾਗ ਦੇ ਤਕਰੀਬਨ 250 ਵਿਦਿਆਰਥੀਆਂ ਨੇ ਭਾਗ ਲਿਆ। ਇਹ ਵਰਕਸ਼ਾਪ ਕਾਲਜ ਪ੍ਰਿੰਸੀਪਲ ਡਾ.ਜਸਵੀਰ ਸਿੰਘ ਦੀ ਯੋਗ ਅਗਵਾਈ ਅਧੀਨ ਆਯੋਜਿਤ ਕੀਤੀ ਗਈ ਹੈ। ਇਸ ਮੌਕੇ ਅਰੁਨ ਚੱਢਾ (ਟੈਕਨੀਕਲ ਹੈੱਡ, ਜੈੱਟਕਿੰਗ ਕੰਪਨੀ ਚੰਡੀਗੜ੍ਹ) ਅਤੇ ਪਰਮੋਦ ਕੁਮਾਰ (ਸੈਂਟਰ ਮੈਨੇਜਰ, ਜੈਟਕਿੰਗ ਚੰਡੀਗੜ੍ਹ) ਨੇ ਰਿਸੋਰਸ ਪਰਸਨਜ਼ ਵੱਜੋਂ ਸ਼ਿਰਕਤ ਕੀਤੀ ਜਿੰਨ੍ਹਾਂ ਦੁਆਰਾ ਵਿਦਿਆਰਥੀਆਂ ਨਾਲ ਲਾਹੇਵੰਦ ਜਾਣਕਾਰੀ ਸਾਂਝੀ ਕੀਤੀ ਗਈ। ਇਸ ਮੌਕੇ ਕਾਲਜ ਵਾਇਸ ਪ੍ਰਿੰਸੀਪਲ ਡਾ.ਮਲਕੀਤ ਸਿੰਘ ਨੇ ਰਿਸੋਰਸ ਪਰਸਨ ਨੂੰ 'ਜੀ ਆਇਆ' ਆਖਿਆ ਤੇ ਵਿਦਿਆਰਥੀਆਂ ਨੂੰ





ਵਰਕਸ਼ਾਪ ਦੌਰਾਨ ਹਾਸਿਲ ਕੀਤੀ ਜਾਣਕਾਰੀ ਨੂੰ ਅਮਲੀ ਤੌਰ 'ਤੇ ਲਾਗੂ ਕਰਨ ਲਈ ਪ੍ਰੇਰਿਤ ਕੀਤਾਕ ਜ਼ਿਕਰਯੋਗ ਹੈ ਕਿ ਵਰਸ਼ਾਪ ਦੇ ਪਹਿਲੇ ਦਿਨ ਰਿਸੋਰਸ ਪਰਸਨ ਅਰੁਨ ਚੱਢਾ ਨੇ ਵਿਦਿਆਰਥੀਆਂ ਨੂੰ ਬਲੌਕ ਚੇਨ ਦੀਆਂ ਵਿਸ਼ੇਸ਼ਤਾਵਾਂ, ਐਪਲੀਕੇਸ਼ਨਾਂ ਅਤੇ ਇਸਦੇ ਇਕੋਸਿਸਟਮ ਸੰਬੰਧੀ ਬੁਨਿਆਦੀ ਜਾਣਕਾਰੀ ਦਿੱਤੀ।ਉਨ੍ਹਾਂ ਦੱਸਿਆ ਕਿ ਬਲੌਕ ਚੇਨ ਬਹੁਤ ਹੀ ਸੁਰੱਖਿਤ ਸਾਫ਼ਟਵੇਅਰ ਹੈ ਜਿਸ ਦੀ ਮਦਦ ਨਾਲ ਸਾਡੇ ਡਾਟੇ ਨੂੰ ਹੈਕਿੰਗ ਤੋਂ ਬਚਾਇਆ ਜਾ ਸਕਦਾ ਹੈ।ਇਸ ਦੌਰਾਨ ਵਿਭਾਗ ਮੁਖੀ ਡਾ.ਸੁਰੇਂਦਰ ਕੁਮਾਰ ਸ਼ਰਮਾ ਨੇ ਕਾਲਜ ਪ੍ਰਿੰਸੀਪਲ ਦੁਆਰਾ ਹਮੇਸ਼ਾ ਮਿਲਣ ਵਾਲੇ ਸਹਿਯੋਗ ਦੀ ਪ੍ਰਸੰਸਾ ਕੀਤੀ ਤੇ ਕਿਹਾ ਕਿ ਆਪਣੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਗਿਆਨ ਦੇਣ ਲਈ ਅਤੇ ਨਵੀਆਂ ਤਕਨਾਲੋਜੀਆਂ ਨਾਲ ਜਾਣੂ ਕਰਵਾਉਣ ਲਈ ਵਿਭਾਗ ਦੁਆਰਾ ਅਕਸਰ ਹੀ ਅਜਿਹੀਆਂ ਵਰਕਸ਼ਾਪਾਂ ਦਾ ਆਯੋਜਨ ਕੀਤਾ ਜਾਂਦਾ ਹੈ ਤਾਂ ਜੋ ਭਵਿੱਖ ਵਿੱਚ ਉਨ੍ਹਾਂ ਨੂੰ ਸੁਨਿਹਰੀ ਮੌਕੇ ਪ੍ਰਦਾਨ ਹੋ ਸਕਣ ਵਰਕਸ਼ਾਪ ਦੌਰਾਨ ਸਮੂਹ ਕੰਪਿਊਟਰ ਸਾਇੰਸ ਵਿਭਾਗ ਅਤੇ ਵਿਦਿਆਰਥੀ ਮੌਜੂਦ ਸਨ।

ਪੰਜਾਬ ਟਾਈਮਜ਼
Leading Punjabi daily newspaper

# ਖ਼ਾਲਸਾ ਕਾਲਜ ਦੇ ਪੀ.ਜ਼ੀ. ਕੰਪਿਊਟਰ ਸਾਇੰਸ ਵਿਭਾਗ ਵੱਲੋਂ 7 ਰੋਜ਼ਾ ਵਰਕਸ਼ਾਪ ਕਰਵਾਈ

ਪੰਜਾਬ ਟਾਈਮਜ਼ | ਵਿਸ਼ੇਸ਼

ਸ੍ਰੀ ਅਨੰਦਪੁਰ ਸਾਹਿਬ, 20 ਜਨਵਰੀ (ਦਵਿੰਦਰਪਾਲ ਸਿੰਘ, ਅੰਕੁਸ਼)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਖ਼ੁਦਮੁਖਤਿਆਰ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਪੀ.ਜੀ ਕੰਪਿਊਟਰ ਸਾਇੰਸ ਵਿਭਾਗ ਨੇ 'ਬਲੌਕ ਚੇਨ, ਕੰਪਿਊਟਰ ਹਾਰਡਵੇਅਰ ਐਂਡ ਨੈੱਟਵਰਕਿੰਗ' ਵਿਸ਼ੇ 'ਤੇ 7 ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਜਿਸ ਵਿੱਚ ਕੰਪਿਊਟਰ ਸਾਇੰਸ ਵਿਭਾਗ ਦੇ ਤਕਰੀਬਨ 250 ਵਿਦਿਆਰਥੀਆਂ ਨੇ ਭਾਗ ਲਿਆ। ਇਹ ਵਰਕਸ਼ਾਪ ਕਾਲਜ ਪ੍ਰਿੰਸੀਪਲ ਡਾ.ਜਸਵੀਰ ਸਿੰਘ ਦੀ ਯੋਗ ਅਗਵਾਈ ਅਧੀਨ ਆਯੋਜਿਤ ਕੀਤੀ ਗਈ ਹੈ। ਇਸ ਮੌਕੇ ਅਰੁਨ ਚੱਢਾ



(ਟੈਕਨੀਕਲ ਹੈੱਡ, ਜੈੱਟਕਿੰਗ ਕੰਪਨੀ ਚੰਡੀਗੜ੍ਹ) ਅਤੇ ਪਰਮੋਦ ਕੁਮਾਰ (ਸੈਂਟਰ ਮੈਨੇਜਰ, ਜੈਟਕਿੰਗ ਚੰਡੀਗੜ੍ਹ) ਨੇ ਰਿਸੋਰਸ ਪਰਸਨਜ਼ ਵੱਜੋਂ ਸ਼ਿਰਕਤ ਕੀਤੀ ਜਿੰਨ੍ਹਾਂ ਦੁਆਰਾ ਵਿਦਿਆਰਥੀਆਂ ਨਾਲ ਲਾਹੇਵੰਦ ਜਾਣਕਾਰੀ ਸਾਂਝੀ ਕੀਤੀ ਗਈ। ਇਸ ਮੌਕੇ ਕਾਲਜ ਵਾਇਸ ਪ੍ਰਿੰਸੀਪਲ ਡਾ.ਮਲਕੀਤ ਸਿੰਘ ਨੇ ਰਿਸੋਰਸ ਪਰਸਨ ਨੂੰ 'ਜੀ ਆਇਆ' ਆਖਿਆ ਤੇ ਵਿਦਿਆਰਥੀਆਂ ਨੂੰ ਵਰਕਸ਼ਾਪ ਦੌਰਾਨ ਹਾਸਿਲ ਕੀਤੀ ਜਾਣਕਾਰੀ ਨੂੰ ਅਮਲੀ ਤੌਰ 'ਤੇ ਲਾਗੂ ਕਰਨ ਲਈ ਪ੍ਰੇਰਿਤ ਕੀਤਾਕ ਜ਼ਿਕਰਯੋਗ ਹੈ ਕਿ ਵਰਸ਼ਾਪ ਦੇ ਪਹਿਲੇ ਦਿਨ ਰਿਸੋਰਸ ਪਰਸਨ ਅਰੁਨ ਚੱਢਾ ਨੇ ਵਿਦਿਆਰਥੀਆਂ ਨੂੰ ਬਲੌਕ ਚੇਨ ਦੀਆਂ ਵਿਸ਼ੇਸ਼ਤਾਵਾਂ, ਐਪਲੀਕੇਸ਼ਨਾਂ ਅਤੇ ਇਸਦੇ ਇਕੋਸਿਸਟਮ ਸੰਬੰਧੀ ਬੁਨਿਆਦੀ ਜਾਣਕਾਰੀ ਦਿੱਤੀ। ਇਸ ਦੌਰਾਨ ਵਿਭਾਗ ਮੁਖੀ ਡਾ.ਸੁਰੇਂਦਰ ਕੁਮਾਰ ਸ਼ਰਮਾ ਨੇ ਕਾਲਜ ਪ੍ਰਿੰਸੀਪਲ ਦੁਆਰਾ ਹਮੇਸ਼ਾ ਮਿਲਣ ਵਾਲੇ ਸਹਿਯੋਗ ਦੀ ਪ੍ਰਸੰਸਾ ਕੀਤ। ਵਰਕਸ਼ਾਪ ਦੌਰਾਨ ਸਮੂਹ ਕੰਪਿਊਟਰ ਸਾਇੰਸ ਵਿਭਾਗ ਅਤੇ ਵਿਦਿਆਰਥੀ ਮੌਜੂਦ ਸਨ।

Main Edition
Jan 21, 2023 Page No. 12
Powered by : eReleGo.com

Created with Mi Notes